# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 05-06-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਸ਼ਵ ਵਾਤਾਵਰਣ ਦਿਵਸ ਮੌਕੇ ਨਵੀਂ ਦਿੱਲੀ ਵਿਚ ਬੂਟੇ ਲਾਉਣ ਦੀ ਇੱਕ ਵਿਸ਼ੇਸ਼ ਮੁਹਿੰਮ ਦੀ ਕੀਤੀ ਅਗਵਾਈ-ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਅਗਵਾਈ ਵਿਚ ਸੂਬੇ ਭਰ ਵਿਚ ਇਸ ਮੌਕੇ, ਵੱਖ-ਵੱਖ ਜਾਗਰੂਕਤਾ ਸਮਾਗਮਾਂ ਅਤੇ ਰੈਲੀਆਂ ਦਾ ਆਯੋਜਨ I
- ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਵਿਕਸਤ ਕ੍ਰਿਸ਼ੀ ਸੰਕਲਪ ਅਭਿਆਨ ਤਹਿਤ ਪਟਿਆਲਾ ਵਿਖੇ ਆਯੋਜਿਤ ਕਿਸਾਨ ਚੌਪਾਲ 'ਚ, ਕਿਸਾਨਾਂ ਨਾਲ ਕੀਤੀ ਗੱਲਬਾਤ।
- ਪੰਜਾਬ ਵਿਧਾਨ ਸਭਾ ਦੀ ਲੁਧਿਆਣਾ ਪੱਛਮੀ ਸੀਟ ਦੀ ਜ਼ਿਮਨੀ ਚੋਣ ਲਈ, ਕੁੱਲ 14 ਉਮੀਦਵਾਰ ਚੋਣ ਮੈਦਾਨ ਵਿਚ।
- ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ 198 ਨਵੇਂ ਨਿਯੁਕਤ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਸੌਂਪੇ।

- ਪੰਜਾਬ ਵਿੱਚ ਦੂਜੇ ਗੇੜ ’ਚ ਝੋਨੇ ਦੀ ਲੁਵਾਈ ਅੱਜ ਤੋਂ ਆਰੰਭ ਹੋਈ ।
- ਇਸ ਸਾਲ ਅੰਤਰ-ਰਾਸ਼ਟਰੀ ਯੋਗ ਦਿਵਸ ਮੌਕੇ ਮੁੱਖ ਸਮਾਗਮ ਯੋਗ ਸੰਗਮ-2025 ਵਿੱਚ ਹਿੱਸਾ ਲੈਣ ਲਈ, 30 ਹਜ਼ਾਰ ਤੋਂ ਵੱਧ ਸੰਗਠਨਾਂ ਨੇ ਕਰਵਾਈ ਰਜਿਸਟ੍ਰੇਸ਼ਨ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ 'ਤੇ ਨਵੀਂ ਦਿੱਲੀ ਦੇ ਭਗਵਾਨ ਮਹਾਵੀਰ ਵਨਸਥਲੀ ਪਾਰਕ ਵਿਖੇ ਬੂਟੇ ਲਗਾਉਣ ਦੀ ਇੱਕ ਵਿਸ਼ੇਸ਼ ਮੁਹਿੰਮ ਦੀ ਅਗਵਾਈ ਕੀਤੀ। ਸ਼੍ਰੀ ਮੋਦੀ ਨੇ 'ਏਕ ਪੇੜ ਮਾਂ ਕੇ ਨਾਮ' ਪਹਿਲਕਦਮੀ ਤਹਿਤ ਬੋਹੜ ਦਾ ਇੱਕ ਬੂਟਾ ਲਗਾਇਆ। ਇਹ ਬੂਟਾ ਅਰਾਵਲੀ ਗ੍ਰੀਨ ਵਾਲ ਪ੍ਰੋਜੈਕਟ ਦੇ ਹਿੱਸੇ ਵਜੋਂ ਲਗਾਇਆ ਗਿਆ, ਜਿਸਦਾ ਉਦੇਸ਼ ਅਰਾਵਲੀ ਪਰਬਤ ਸ਼੍ਰੇਣੀ ਦੇ 700 ਕਿਲੋਮੀਟਰ ਇਲਾਕੇ ਨੂੰ ਮੁੜ ਜੰਗਲ ਬਣਾਉਣਾ ਏ। ਇਸਦਾ ਉਦੇਸ਼ ਇਲਾਕੇ ਦੀ ਮਿੱਟੀ ਦੀ ਉਪਜਾਊ ਸ਼ਕਤੀ, ਪਾਣੀ ਦੀ ਉਪਲਬਧਤਾ ਅਤੇ ਜਲਵਾਯੂ ਨੂੰ ਬਿਹਤਰ ਬਣਾਉਣਾ ਵੀ ਏ। ਇਹ ਪ੍ਰੋਜੈਕਟ ਸਥਾਨਕ ਭਾਈਚਾਰਿਆਂ ਨੂੰ ਰੁਜ਼ਗਾਰ ਅਤੇ ਆਮਦਨ ਪੈਦਾ ਕਰਨ ਦੇ ਮੌਕੇ ਪ੍ਰਦਾਨ ਕਰਕੇ ਲਾਭ ਪਹੁੰਚਾਏਗਾ। ਇਸ ਮੌਕੇ, ਪ੍ਰਧਾਨ ਮੰਤਰੀ ਮੋਦੀ

ਨੇ 200 ਇਲੈਕਟ੍ਰਿਕ ਬੱਸਾਂ ਨੂੰ ਵੀ ਝੰਡੀ ਵੀ ਦਿਖਾਈ, ਜੋ ਵਾਤਾਵਰਣ ਸੰਤੁਲਨ ਪ੍ਰਤੀ, ਦੇਸ਼ ਦੀ ਸਮੂਹਿਕ ਜ਼ਿੰਮੇਵਾਰੀ ਦਾ ਪ੍ਰਤੀਕ ਹੋਣਗੀਆਂ।

---------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੌਕੇ ਨਾਗਰਿਕਾਂ ਨੂੰ ਧਰਤੀ ਦੀ ਰੱਖਿਆ ਕਰਨ ਦਾ ਸੱਦਾ ਦਿੱਤਾ ਏ।

---------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਵਿੱਚ ਪੋਸਟ ਗ੍ਰੈਜੂਏਟ ਸਰਕਾਰੀ ਕਾਲਜ ਫਾਰ ਗਰਲਜ਼ ਵਿਖੇ ਇੱਕ ਪਵਿੱਤਰ ਕਲਪ-ਵ੍ਰਿਕਸ਼ਾ ਦਾ ਬੂਟਾ ਲਗਾ ਕੇ ਇੱਕ ਹਰਿਆਲੀ ਪਹਿਲਕਦਮੀ ਦੀ ਸ਼ੁਰੂਆਤ ਕੀਤੀ। ਇਹ ਕਦਮ ਨਾ ਸਿਰਫ ਵਾਤਾਵਰਣ ਦੀ ਰੱਖਿਆ ਪ੍ਰਤੀ ਵਚਨਬੱਧਤਾ ਦਾ ਪ੍ਰਤੀਕ ਏ ਬਲਕਿ ਸਿੱਖਿਆ ਦੇ ਨਾਲ ਵਾਤਾਵਰਣਕ ਮੁੱਲਾਂ ਨੂੰ ਮਿਲਾਉਣ ਦੀ ਮਹੱਤਤਾ ਦਾ ਵੀ ਪ੍ਰਤੀਕ ਏ। ਚੰਡੀਗੜ੍ਹ ਦੇ ਮੁੱਖ ਸਕੱਤਰ ਰਾਜੀਵ ਵਰਮਾ ਨੇ ਵੀ ਬੂਟਾ ਲਾਇਆ।

---------------------------------------------------

ਪੰਜਾਬ ਭਰ ਵਿਚ ਵਿਸ਼ਵ ਵਾਤਾਵਰਣ ਦਿਵਸ ਮੌਕੇ, ਵੱਖ-ਵੱਖ ਜਾਗਰੂਕਤਾ ਸਮਾਗਮ ਅਤੇ ਰੈਲੀਆਂ ਦਾ ਦਾ ਆਯੋਜਨ ਕੀਤਾ

ਗਿਆ।ਜਲੰਧਰ ਦੇ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਨਿਰਭਉ ਸਿੰਘ ਗਿੱਲ ਦੀ ਯੋਗ ਰਹਿਨੁਮਾਈ ਹੇਠ ਖਾਲਸਾ ਕਾਲਜ ਜਲੰਧਰ ਤੋਂ ਰਾਮਾ ਮੰਡੀ ਜਲੰਧਰ ਤੱਕ ਛਾਂਦਾਰ ਅਤੇ ਫਲਾਂ ਵਾਲੇ ਦਰੱਖਤ ਲਗਾਏ ਗਏ। ਓਧਰ ਰੂਪਨਗਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਅੱਜ ਵਾਤਾਵਰਨ ਦਿਵਸ ਦੇ ਮੌਕੇ ਇੱਕ ਪੈਦਲ ਰੈਲੀ ਦਾ ਆਯੋਜਨ ਕੀਤਾ। ਰੈਲੀ ਨੂੰ ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਸ਼ਾਮ ਲਾਲ ਨੇ ਝੰਡੀ ਦੇ ਕੇ ਸ਼ਿਵਾਲਿਕ ਸਕੂਲ ਤੋਂ ਰਵਾਨਾ ਕੀਤਾ। ਇਸ ਮੌਕੇ ਮਹਾਰਾਜਾ ਰਣਜੀਤ ਸਿੰਘ ਪਾਰਕ ਵਿੱਚ ਬੂਟੇ ਲਗਾਏ ਗਏ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਫਰੀਦਕੋਟ ਵੱਲੋਂ ਪਿੰਡ ਮੱਲ੍ਹਾ ਵਿਖੇ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ ਬਾਰੇ ਜਾਗਰੂਕ ਕੀਤਾ ਗਿਆ। ਕਪੂਰਥਲਾ ਦੇ ਹਿੰਦੂ ਕੰਨਿਆ ਕਾਲਜ ਨੇ 'BEST OUT OF WASTE' ਵਿਸ਼ੇ 'ਤੇ ਦੋ ਦਿਨਾਂ ਵਰਕਸ਼ਾਪ ਕਰਵਾਈ ,ਓਧਰ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਰਾਜ ਪੱਧਰੀ ਕੁਇਜ਼ ਦਾ ਆਯੋਜਨ ਕੀਤਾ । ਫਾਜ਼ਿਲਕਾ ਜ਼ਿਲ੍ਹੇ ਵਿਚ, ਕੌਮਾਂਤਰੀ ਵਾਤਾਵਰਨ ਦਿਵਸ ਮੌਕੇ ਬੂਟੇ ਲਗਾਉਣ ਦੀ ਮੁਹਿੰਮ ਦਾ ਆਗਾਜ ਹੋਇਆ । ਸ਼ਹੀਦ ਭਗਤ ਸਿੰਘ ਨਗਰ ਅਤੇ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਚ ਵੀ ਫਲਦਾਰ ਫੁੱਲਦਾਰ ਤੇ ਛਾਂਦਾਰ ਰੁੱਖ ਲਗਾ ਕੇ ਦਿਹਾੜਾ ਮਨਾਇਆ ਗਿਆ।

------------------------------------------------------------

ਇਸ ਮੌਕੇ ਆਕਾਸ਼ਵਾਣੀ ਜਲੰਧਰ ਦੇ ਸਮਾਚਾਰ ਸੇਵਾ ਵਿਭਾਗ ਨੇ ਵਾਤਾਵਰਨ ਨੂੰ ਪ੍ਰਦੂਸ਼ਣ ਮੁਕਤ ਰੱਖਣ ਲਈ ਯੋਗਦਾਨ ਪਾ ਰਹੇ ਲੋਕਾਂ ਨਾਲ ਗੱਲਬਾਤ ਕੀਤੀ ਉਨ੍ਹਾਂ ਦਸਿਆ। ਅਧਿਕਾਰੀਆਂ ,ਸਮਾਜ ਸੇਵੀਆਂ ਅਤੇ ਆਮ ਲੋਕਾਂ ਨਾਲ ਗੱਲ ਬਾਤ ਕੀਤੀ,, ਆਓ ਸੁਣਦੇ ਆ **BYTES- ਜਗਤਾਰ ਸਿੰਘ ਸੁਖਦੇਵ ਸਿੰਘ -ਫਰੀਦਕੋਟ , ਮਲਕੀਤ ਸਿੰਘ ਪਟਿਆਲਾ**

------------------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਅਤੇ ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਵਿਕਾਸ ਕ੍ਰਿਸ਼ੀ ਸੰਕਲਪ ਅਭਿਆਨ ਤਹਿਤ ਪਟਿਆਲਾ ਦੇ ਰਾਜਪੁਰਾ ਵਿਖੇ ਆਯੋਜਿਤ ਕਿਸਾਨ ਚੌਪਾਲ 'ਚ, ਕਿਸਾਨਾਂ ਨਾਲ ਗੱਲਬਾਤ ਕੀਤੀ। ਮੀਡੀਆ ਨਾਲ ਗੱਲਬਾਤ ਕਰਦਿਆਂ, ਸ਼੍ਰੀ ਚੌਹਾਨ ਨੇ ਕਿਹਾ ਕਿ ਅਭਿਆਨ ਤਹਿਤ , ਵਿਗਿਆਨੀ ਖੇਤਾਂ ਦਾ ਦੌਰਾ ਕਰ ਰਹੇ ਨੇ ਅਤੇ ਮਿੱਟੀ ਜਾਂ ਵਾਤਾਵਰਣ ਨਾਲ ਸਬੰਧਤ ਕਿਸਾਨਾਂ ਦੀਆਂ ਸਮੱਸਿਆਵਾਂ ਸੁਣ ਰਹੇ ਨੇ । ਉਨ੍ਹਾਂ ਕਿਹਾ ਕਿ ਇਹ ਕਦਮ ਲਾਗਤ ਘਟਾਉਣ ਅਤੇ ਉਤਪਾਦਨ ਵਧਾਉਣ ਲਈ ਚੁੱਕਿਆ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮਿਹਨਤੀ ਕਿਸਾਨ ਦੇਸ਼ ਦੀ

ਖੁਰਾਕ ਸੁਰੱਖਿਆ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੇ ਨੇ। ਫਸਲਾਂ ਦੀ ਵਿਭਿੰਨਤਾ ਬਾਰੇ ਸ੍ਰੀ ਚੌਹਾਨ ਨੇ ਕਿਹਾ ਕਿ ਪਾਣੀ ਬਚਾਉਣ ਅਤੇ ਵਧੇਰੇ ਮੁਨਾਫ਼ਾ ਕਮਾਉਣ ਲਈ ਇਹ ਜ਼ਰੂਰੀ ਏ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਦੋਵੇਂ ਖੇਤੀਬਾੜੀ ਅਤੇ ਕਿਸਾਨ ਭਾਈਚਾਰੇ ਦੀ ਬਿਹਤਰੀ ਲਈ ਇਕੱਠੇ ਕੰਮ ਕਰਨ ਲਈ ਤਿਆਰ ਹਨ |**BYTE:**

----------------------------------------------------------

ਭਾਰਤ ਵਿੱਚ, ਸੇਵਾ, ਸੁਸ਼ਾਸਨ ਅਤੇ ਗਰੀਬ ਕਲਿਆਣ ਦੇ ਸਿਧਾਂਤਾਂ ਸਦਕਾ, ਇੱਕ ਦਹਾਕੇ ਵਿੱਚ ਸ਼ਾਨਦਾਰ ਤਬਦੀਲੀ ਆਈ ਏ । ਆਕਾਸ਼ਵਾਣੀ ਖਬਰਾਂ ਵਲੋਂ ਪਿਛਲੇ 11 ਸਾਲਾਂ ਵਿੱਚ ਮੁੱਖ ਖੇਤਰਾਂ ਵਿੱਚ ਸਰਕਾਰ ਦੇ ਉਪਰਾਲਿਆਂ ਬਾਰੇ ਇੱਕ ਵਿਸ਼ੇਸ਼ ਲੜੀ ਪੇਸ਼ ਕੀਤੀ ਜਾ ਰਹੀ ਏ । ਅੱਜ, ਅਸੀਂ ਸਿੱਖਿਆ ਅਤੇ ਖੇਡਾਂ 'ਤੇ ਧਿਆਨ ਕੇਂਦਰਿਤ ਕਰਦੇ ਹਾਂ - ਭਾਰਤ ਦੀ ਅੰਮ੍ਰਿਤ ਪੀੜੀ - ਨੌਜਵਾਨ ਪੀੜ੍ਹੀ ਨੂੰ ਸਸ਼ਕਤ ਬਣਾਉਣ ਦੀ ਕੁੰਜੀ ।

**ਪੇਸ਼ ਏ ਇਕ ਰਿਪੋਰਟ : RNU050625C**

*ਇੱਕ ਅਜਿਹੇ ਦੇਸ਼ ਵਿੱਚ ਜਿੱਥੇ ਇਸਦੀ ਲਗਭਗ ਦੋ-ਤਿਹਾਈ ਆਬਾਦੀ 35 ਸਾਲ ਤੋਂ ਘੱਟ ਉਮਰ ਦੀ ਏ, ਇਹ ਨੌਜਵਾਨ ਹੀ ਨੇ, ਜੋ*

ਭਾਰਤ ਦੀ ਕਿਸਮਤ ਨੂੰ ਆਕਾਰ ਦੇਣਗੇ ਅਤੇ ਅੱਜ, ਸਰਕਾਰ ਸਿੱਖਿਆ ਅਤੇ ਖੇਡਾਂ ਰਾਹੀਂ ਭਵਿੱਖ ਦੇ ਸੁਪਨਿਆਂ ਦੀ ਬੁਨਿਆਦ ਰੱਖ ਰਹੀ ਏ । ਸਿੱਖਿਆ ਦੇ ਖੇਤਰ ਵਿੱਚ, ਸਰਕਾਰ ਨੇ, ਉੱਚ ਸਿੱਖਿਆ ਰਾਹੀਂ ਬੁਨਿਆਦੀ ਪੱਧਰ ਤੋਂ ਸੰਪੂਰਨ ਅਤੇ ਸਮਾਵੇਸ਼ੀ ਸਿੱਖਿਆ ਨੂੰ ਯਕੀਨੀ ਬਣਾਉਣ ਲਈ, ਇੱਕ ਆਸਵੰਦ ਖਾਕਾ ਤਿਆਰ ਕੀਤਾ ਏ । ਰਾਸ਼ਟਰੀ ਸਿੱਖਿਆ ਨੀਤੀ-2020 ਦੇ ਤਹਿਤ, ਸਰਕਾਰ ਦਾ ਟੀਚਾ 2030 ਤੱਕ ਪ੍ਰੀ-ਸਕੂਲ ਤੋਂ ਸੈਕੰਡਰੀ ਪੱਧਰ ਤੱਕ 100 ਫੀਸਦੀ ਦਾਖਲਾ ਅਤੇ 2035 ਤੱਕ ਉੱਚ ਸਿੱਖਿਆ ਵਿੱਚ 50 ਫੀਸਦੀ ਪ੍ਰਾਪਤ ਕਰਨਾ ਏ । 2014 ਤੋਂ, ਉੱਚ ਸਿੱਖਿਆ ਸੰਸਥਾਵਾਂ ਦੀ ਗਿਣਤੀ 51 ਹਜ਼ਾਰ ਤੋਂ ਵੱਧ ਹੋ ਗਈ ਏ, ਜਿਸ ਵਿੱਚ IIT, IIM ਅਤੇ AIIMS ਵਿੱਚ ਵੱਡੇ ਵਿਸਥਾਰ ਹੋਏ ਨੇ । PM-SHRI ਯੋਜਨਾ ਤਹਿਤ 14 ਹਜ਼ਾਰ 500 ਸਕੂਲਾਂ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਏ ।ਖੇਲੋ ਇੰਡੀਆ ਅੰਦੋਲਨ ਦੇ ਤਹਿਤ, ਇਕ ਹਜ਼ਾਰ ਤੋਂ ਵੱਧ ਸਿਖਲਾਈ ਕੇਂਦਰ ਖੋਲ੍ਹੇ ਗਏ ਨੇ ਅਤੇ 3 ਹਜ਼ਾਰ ਨੌਜਵਾਨ ਐਥਲੀਟਾਂ ਨੂੰ 6 ਲਖ 28 ਹਜ਼ਾਰ ਰੁਪਏ ਦੀ ਸਾਲਾਨਾ ਸਹਾਇਤਾ ਮਿਲਦੀ ਏ । ਟਾਰਗੇਟ ਓਲੰਪਿਕ ਪੋਡੀਅਮ ਸਕੀਮ, ਭਾਰਤ ਦੇ ਚੋਟੀ ਦੇ ਐਥਲੀਟਾਂ ਨੂੰ ਸਿਖਲਾਈ, ਉਪਕਰਣ ਅਤੇ ਅੰਤਰ-ਰਾਸ਼ਟਰੀ ਤਰੀਕਿਆਂ ਨਾਲ ਸਹਾਇਤਾ ਕਰਦੀ ਏ । ਇਨ੍ਹਾਂ ਸਦਕਾ ਭਾਰਤ ਨੇ ਪਿਛਲੇ ਦੋ ਓਲੰਪਿਕ ਵਿੱਚ 13 ਤਮਗੇ ਜਿੱਤੇ ਅਤੇ ਪੈਰਿਸ ਪੈਰਾਲੰਪਿਕ ਵਿੱਚ ਰਿਕਾਰਡ

*ਤੋੜ 29 ਤਮਗੇ ਜਿੱਤੇ ਨੇ। ਭਾਰਤ ਆਪਣੇ ਨੌਜਵਾਨਾਂ ਨੂੰ, ਸਿਰਫ਼ ਪੜ੍ਹਨਾ ਅਤੇ ਲਿਖਣਾ ਹੀ ਨਹੀਂ ਸਗੋਂ ਉਨ੍ਹਾਂ ਨੂੰ ਵੱਡੇ ਸੁਪਨੇ ਦੇਖਣਾ, ਤੇਜ਼ ਦੌੜਨਾ ਅਤੇ ਕਦੇ ਨਾ ਰੁਕਣਾ ਵੀ ਸਿਖਾ ਰਿਹਾ ਏ। ਬਿਓਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖ਼ਬਰਾਂ ਲਈ ਮੈਂ ਕਾਜਲ*

---

ਪੰਜਾਬ ਵਿਧਾਨ ਸਭਾ ਦੀ ਲੁਧਿਆਣਾ ਪੱਛਮੀ ਸੀਟ ਦੀ ਜ਼ਿਮਨੀ ਚੋਣ ਲਈ ਕੁੱਲ 14 ਉਮੀਦਵਾਰ ਚੋਣ ਲੜਨਗੇ । ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਅੱਜ ਨਾਮਜ਼ਦਗੀ ਪੱਤਰ ਵਾਪਸ ਲੈਣ ਵਾਲੇ ਦਿਨ ਇੱਕ ਆਜ਼ਾਦ ਉਮੀਦਵਾਰ ਕਮਲ ਪਵਾਰ ਵੱਲੋਂ ਨਾਮਜ਼ਦਗੀ ਵਾਪਸ ਲਈ ਗਈ ਏ। ਉਨ੍ਹਾਂ ਦੱਸਿਆ ਕਿ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਤੋਂ ਬਾਅਦ ਕੁੱਲ 15 ਨਾਮਜ਼ਦਗੀਆਂ ਸਹੀ ਪਾਈਆਂ ਗਈਆਂ ਸਨ ਅਤੇ ਹੁਣ ਇੱਕ ਉਮੀਦਵਾਰ ਵੱਲੋਂ ਨਾਮਜ਼ਦਗੀ ਪੱਤਰ ਵਾਪਸ ਲੈਣ ਤੋਂ ਬਾਅਦ ਕੁੱਲ 14 ਉਮੀਦਵਾਰਾਂ ਚੋਣ ਮੈਦਾਨ ਵਿਚ ਰਹਿ ਗਏ ਹਨ। ਏ ਕਿ 19 ਜੂਨ ਨੂੰ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਵੋਟਿੰਗ ਹੋਵੇਗੀ ਅਤੇ ਅਤੇ 23 ਜੂਨ ਨੂੰ ਵੋਟਾਂ ਦੀ ਗਿਣਤੀ ਤੋਂ ਬਾਅਦ ਨਤੀਜਾ ਐਲਾਨਿਆ ਜਾਵੇਗਾ।

---------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਵਿੱਚ ਪੋਸਟ ਗ੍ਰੈਜੂਏਟ ਸਰਕਾਰੀ ਕਾਲਜ ਫਾਰ ਗਰਲਜ਼ ਵਿਖੇ ਇੱਕ ਪਵਿੱਤਰ ਕਲਪ-ਵ੍ਰਿਕਸ਼ਾ ਦਾ ਬੂਟਾ ਲਗਾ ਕੇ ਇੱਕ ਹਰਿਆਲੀ ਪਹਿਲਕਦਮੀ ਦੀ ਸ਼ੁਰੂਆਤ ਕੀਤੀ। ਇਹ ਕਦਮ ਨਾ ਸਿਰਫ ਵਾਤਾਵਰਣ ਦੀ ਰੱਖਿਆ ਪ੍ਰਤੀ ਵਚਨਬੱਧਤਾ ਦਾ ਪ੍ਰਤੀਕ ਏ ਬਲਕਿ ਸਿੱਖਿਆ ਦੇ ਨਾਲ ਵਾਤਾਵਰਣਕ ਮੁੱਲਾਂ ਨੂੰ ਮਿਲਾਉਣ ਦੀ ਮਹੱਤਤਾ ਦਾ ਵੀ ਪ੍ਰਤੀਕ ਏ। ਚੰਡੀਗੜ੍ਹ ਦੇ ਮੁੱਖ ਸਕੱਤਰ ਰਾਜੀਵ ਵਰਮਾ ਨੇ ਵੀ ਬੂਟਾ ਲਾਇਆ।

---------------------------------------------------

ਪੰਜਾਬ ਵਿੱਚ ਦੂਜੇ ਗੇੜ 'ਚ ਝੋਨੇ ਦੀ ਲੁਵਾਈ ਅੱਜ ਤੋਂ ਆਰੰਭ ਹੋ ਗਈ ਏ। ਖੇਤੀ ਮਾਹਿਰਾਂ ਅਨੁਸਾਰ ਅੱਜ ਗੁਰਦਾਸਪੁਰ,ਪਠਾਨਕੋਟ, ਸ੍ਰੀ ਅੰਮ੍ਰਿਤਸਰ, ਤਰਨਤਾਰਨ,ਹੁਸ਼ਿਆਰਪੁਰ, ਰੂਪ ਨਗਰ, ਐਸ.ਏ.ਐਸ ਨਗਰ, ਫਤਿਹਗੜ੍ਹ ਸਾਹਿਬ ਜ਼ਿਲ੍ਹਿਆਂ ਵਿੱਚ ਦੂਜੇ ਗੇੜ ਦੀ ਝੋਨੇ ਦੀ ਲੁਵਾਈ ਸ਼ੁਰੂ ਕੀਤੀ ਗਈ ਏ।

ਇਸੇ ਦੌਰਾਨ ਤੀਜੇ ਗੇੜ ਦੀ ਲੁਵਾਈ ਮਾਨਸਾ ਸਮੇਤ ਮੋਗਾ,ਬਰਨਾਲਾ,ਲੁਧਿਆਣਾ,ਸੰਗਰੂਰ,ਪਟਿਆਲਾ,ਮਲੇਰਕੋਟਲਾ,ਜਲੰਧਰ, ਕਪੂਰਥਲਾ ਅਤੇ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹਿਆਂ ਵਿੱਚ 9 ਜੂਨ ਤੋਂ

ਆਰੰਭ ਕੀਤੀ ਜਾਵੇਗੀ। ਉਧਰ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਦੇ ਇੱਕ ਸੀਨੀਅਰ ਅਧਿਕਾਰੀ ਜ਼ਸਪ੍ਰੀਤ ਸਿੰਘ ਮਾਨ ਨੇ ਦੱਸਿਆ ਕਿ ਪੰਜਾਬ ਦੇ ਕਿਸਾਨਾਂ ਨੂੰ ਝੋਨੇ ਦੀ ਲੁਵਾਈ ਲਈ ਬਿਜਲੀ ਦਾ ਬਕਾਇਦਾ ਪ੍ਰਬੰਧ ਕੀਤਾ ਗਿਆ ਏ ।

------------------------------------------------------------

ਤਰਨਤਾਰਨ ਪੁਲੀਸ ਦੇ CIA ਸਟਾਫ ਨੇ ਨਸ਼ਾ ਤਸਕਰਾਂ ਨੂੰ ਛੇ ਪਿਸਤੌਲਾਂ ਸਮੇਤ ਕਾਬੂ ਕੀਤਾ ਏ। SSP ਅਭਿਮੰਨਿਊ ਰਾਣਾ ਨੇ ਪ੍ਰੈੱਸ ਕਾਨਫਰੰਸ ਦੌਰਾਨ ਰਾਹੀ ਦੱਸਿਆ ਕਿ ਮੁਲਜ਼ਮ ਸਰਹੱਦੀ ਪਿੰਡ ਲਾਖਣਾ ਵਿਖੇ ਇਕ ਹਲਵਾਈ ਦੀ ਦੁਕਾਨ ਵਿਚ ਪਾਕਿਸਤਾਨ ਤੋ ਡਰੋਨ ਰਾਹੀ ਆਸਲਾ ਮੰਗਓਦੇ ਸਨ । ਉਨ੍ਹਾਂ ਦੱਸਿਆ ਵੇਰਵੇ ਸਾਂਝੇ ਕਰਦਿਆਂ ਦਸਿਆ ।**BYTE**

------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪਟਿਆਲਾ ਸ਼ਹਿਰ ਦੀ ਆਉਂਦੇ ਦੋ ਮਹੀਨਿਆਂ 'ਚ ਪੂਰੀ ਤਰ੍ਹਾਂ ਕਾਇਆ ਕਲਪ ਕਰਕੇ ਇਸ ਦੀ ਸੁੰਦਰਤਾ ਨੂੰ ਹੋਰ ਨਿਖਾਰਿਆ ਜਾਵੇਗਾ । ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਪੀਣ ਲਈ ਨਹਿਰੀ ਪਾਣੀ, ਸਾਫ਼ ਸੁਥਰੀਆਂ ਸੜਕਾਂ, ਜਗਮਗ ਕਰਦੀਆਂ ਸਟਰੀਟ ਲਾਈਟਾਂ ਸਮੇਤ ਅਤਿ

ਆਧੁਨਿਕ ਸਹੂਲਤਾਂ ਪ੍ਰਦਾਨ ਕਰਨ ਲਈ ਪੂਰਾ ਖਾਕਾ ਤਿਆਰ ਹੋ ਚੁੱਕਾ ਏ ਤੇ ਕੰਮਾਂ ਦੇ ਟੈਂਡਰ ਕਰ ਦਿੱਤੇ ਗਏ ਨੇ। ਉਨ੍ਹਾਂ ਨਗਰ ਨਿਗਮ ਦਫ਼ਤਰ ਵਿਖੇ ਬੈਠਕ ਕਰਦਿਆਂ ਇਹ ਜਾਣਕਾਰੀ ਦਿੱਤੀ । ਉਨ੍ਹਾਂ ਦੱਸਿਆ ਕਿ 30 ਜੂਨ ਤੱਕ ਸ਼ਹਿਰ ਵਿੱਚ ਬਣੇ ਸੈਕੰਡਰੀ ਗਾਰਬੇਜ਼ ਪੁਆਇੰਟ ਖਤਮ ਕਰ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਥਾਪਰ ਯੂਨੀਵਰਸਿਟੀ ਦੇ ਸਹਿਯੋਗ ਨਾਲ ਕੂੜੇ ਦੀ ਸਾਇੰਟਿਫਿਕ ਮੈਨੇਜਮੈਂਟ ਕੀਤੀ ਜਾ ਰਹੀ ਏ। ਉਨ੍ਹਾਂ ਕੁੱਤਿਆਂ ਵੱਲੋਂ ਵੱਢੇ ਜਾਣ ਦੇ ਖਾਸ ਤੌਰ 'ਤੇ ਬੱਚਿਆਂ ਦੇ ਹਮਲੇ ਆਦਿ ਦੇ ਮਾਮਲਿਆਂ ਨਾਲ ਨਜਿੱਠਣ ਲਈ ਕੁੱਤਿਆਂ ਦੀ ਨਸਬੰਦੀ ਕਰਨ ਦੇ ਕੰਮ 'ਚ ਤੇਜ਼ੀ ਲਿਆਉਣ ਦੀ ਹਦਾਇਤ ਕੀਤੀ। ਸਿਹਤ ਮੰਤਰੀ ਨੇ ਦੱਸਿਆ ਕਿ ਸ਼ਹਿਰ ਵਿੱਚ 50 ਇਲੈਕਟ੍ਰਿਕ ਬੱਸਾਂ ਵੀ ਚਲਾਈਆਂ ਜਾਣਗੀਆਂ।

---------------------------------------------------------

ਇਸ ਸਾਲ ਅੰਤਰ-ਰਾਸ਼ਟਰੀ ਯੋਗ ਦਿਵਸ ਮੌਕੇ ਮੁੱਖ ਸਮਾਗਮ ਯੋਗ ਸੰਗਮ-2025 ਵਿੱਚ ਹਿੱਸਾ ਲੈਣ ਲਈ ਦੇਸ਼ ਭਰ ਵਿੱਚ 30 ਹਜ਼ਾਰ ਤੋਂ ਵੱਧ ਸੰਗਠਨਾਂ ਨੇ ਰਜਿਸਟ੍ਰੇਸ਼ਨ ਕਰਵਾਈ ਏ। ਇਸ ਸਾਲ ਦਾ ਯੋਗ ਸੰਗਮ ਰਵਾਇਤੀ ਯੋਗ ਅਭਿਆਸ ਤੋਂ ਪਰੇ ਜਾ ਰਿਹਾ ਏ ਅਤੇ ਮਾਨਸਿਕਤਾ, ਅਤੇ ਸਦਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਇੱਕ ਦੇਸ਼

ਵਿਆਪੀ ਪਹਿਲਕਦਮੀ ਦਾ ਰੂਪ ਲੈ ਰਿਹਾ ਏ। ਇਸਦਾ ਆਯੋਜਨ ਆਯੂਸ਼ ਮੰਤਰਾਲੇ ਦੁਆਰਾ ਕੀਤਾ ਜਾ ਰਿਹਾ ਏ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਸ਼ਵ ਵਾਤਾਵਰਣ ਦਿਵਸ ਮੌਕੇ ਨਵੀਂ ਦਿੱਲੀ ਵਿਚ ਬੂਟੇ ਲਾਉਣ ਦੀ ਇੱਕ ਵਿਸ਼ੇਸ਼ ਮੁਹਿੰਮ ਦੀ ਕੀਤੀ ਅਗਵਾਈ-ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਅਗਵਾਈ ਵਿਚ ਸੂਬੇ ਭਰ ਵਿਚ ਇਸ ਮੌਕੇ, ਵੱਖ-ਵੱਖ ਜਾਗਰੂਕਤਾ ਸਮਾਗਮਾਂ ਅਤੇ ਰੈਲੀਆਂ ਦਾ ਆਯੋਜਨ I
- ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਵਿਕਸਤ ਕ੍ਰਿਸ਼ੀ ਸੰਕਲਪ ਅਭਿਆਨ ਤਹਿਤ ਪਟਿਆਲਾ ਵਿਖੇ ਆਯੋਜਿਤ ਕਿਸਾਨ ਚੌਪਾਲ 'ਚ, ਕਿਸਾਨਾਂ ਨਾਲ ਕੀਤੀ ਗੱਲਬਾਤ।
- ਪੰਜਾਬ ਵਿਧਾਨ ਸਭਾ ਦੀ ਲੁਧਿਆਣਾ ਪੱਛਮੀ ਸੀਟ ਦੀ ਜ਼ਿਮਨੀ ਚੋਣ ਲਈ, ਕੁੱਲ 14 ਉਮੀਦਵਾਰ ਚੋਣ ਮੈਦਾਨ ਵਿਚ।
- ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ 198 ਨਵੇਂ ਨਿਯੁਕਤ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਸੌਂਪੇ।

- ਪੰਜਾਬ ਵਿੱਚ ਦੂਜੇ ਗੇੜ ’ਚ ਝੋਨੇ ਦੀ ਲੁਵਾਈ ਅੱਜ ਤੋਂ ਆਰੰਭ ਹੋਈ ।
- ਇਸ ਸਾਲ ਅੰਤਰ-ਰਾਸ਼ਟਰੀ ਯੋਗ ਦਿਵਸ ਮੌਕੇ ਮੁੱਖ ਸਮਾਗਮ ਯੋਗ ਸੰਗਮ-2025 ਵਿੱਚ ਹਿੱਸਾ ਲੈਣ ਲਈ, 30 ਹਜ਼ਾਰ ਤੋਂ ਵੱਧ ਸੰਗਠਨਾਂ ਨੇ ਕਰਵਾਈ ਰਜਿਸਟ੍ਰੇਸ਼ਨ ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟ
ਰੀ
ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸ
ਕਾਰ!